# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 30-03-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ***

- ਤੇਲ ਵੰਡ ਕੰਪਨੀਆਂ ਨੇ ਰਾਜਾਂ ਨੂੰ ਵਪਾਰਕ LPG ਦੀ ਬਰਾਬਰ ਵੰਡ ਨੂੰ ਯਕੀਨੀ ਬਣਾਉਣ ਲਈ ਕਾਰਜਕਾਰੀ ਨਿਰਦੇਸ਼ਕ ਪੱਧਰ 'ਤੇ ਤਿੰਨ ਮੈਂਬਰੀ ਕਮੇਟੀ ਬਣਾਈ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਕੂਲ ਤੇ ਉਚੇਰੀ ਸਿੱਖਿਆ ਵਿੱਚ ਕੀਤੇ ਵਿਆਪਕ ਸੁਧਾਰਾਂ ਦੀ ਰੂਪ-ਰੇਖਾ ਪੇਸ਼ ਕੀਤੀ- ਕਿਹਾ ਇਕ ਅਪ੍ਰੈਲ ਤੋਂ ਮਾਪਿਆਂ ਨੂੰ ਉਨ੍ਹਾਂ ਦੇ ਬੱਚੇ ਦੀ ਸਕੂਲ ਤੋਂ ਗੈਰ-ਹਾਜ਼ਰੀ ਅਤੇ ਅਧਿਆਪਕਾਂ ਦੀ ਛੁੱਟੀ ਬਾਰੇ ਕੀਤਾ ਜਾਵੇਗਾ ਸੂਚਿਤ I
- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ ਸੂਬੇ ਦੇ ਪ੍ਰਾਹੁਣਚਾਰੀ ਖੇਤਰ ਵਿੱਚ 200 ਕਰੋੜ ਰੁਪਏ ਦੇ ਟੈਕਸ ਚੋਰੀ ਰੈਕੇਟ ਦਾ ਖੁਲਾਸਾ ।
- ਅੰਮ੍ਰਿਤਸਰ ਦਾ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡਾ, ਹਵਾਈ ਪੱਟੀ 'ਤੇ ਮੁਰੰਮਤ ਕਾਰਜ ਕਰਕੇ

- ਪਹਿਲੀ ਅਪ੍ਰੈਲ ਤੋਂ 27 ਸਤੰਬਰ ਤੱਕ ਰੋਜ਼ਾਨਾ ਅੱਠ ਘੰਟੇ ਲਈ ਪੂਰੀ ਤਰ੍ਹਾਂ ਬੰਦ ਰਹੇਗਾ।
- -ਭਾਰਤ ਦੀ ਸ਼ੀਤਲ ਦੇਵੀ ਨੂੰ ਵਿਸ਼ਵ ਤੀਰਅੰਦਾਜ਼ੀ ਨੇ 2025 ਦਾ ਬੇਹਤਰੀਨ ਪੈਰਾ ਤੀਰਅੰਦਾਜ਼ ਚੁਣਿਆ ।

------------------------------------------------------------------------------------

ਤੇਲ ਵੰਡ ਕੰਪਨੀਆਂ ਨੇ ਰਾਜਾਂ ਨੂੰ ਵਪਾਰਕ LPG ਦੀ ਬਰਾਬਰ ਵੰਡ ਨੂੰ ਯਕੀਨੀ ਬਣਾਉਣ ਲਈ ਕਾਰਜਕਾਰੀ ਨਿਰਦੇਸ਼ਕ ਪੱਧਰ 'ਤੇ ਤਿੰਨ ਮੈਂਬਰੀ ਕਮੇਟੀ ਬਣਾਈ ਏ । ਪੈਟਰੋਲੀਅਮ ਅਤੇ ਕੁਦਰਤੀ ਗੈਸ ਰਾਜ ਮੰਤਰੀ ਸੁਰੇਸ਼ ਗੋਪੀ ਨੇ ਅੱਜ ਰਾਜ ਸਭਾ ਵਿੱਚ ਇੱਕ ਲਿਖਤੀ ਜਵਾਬ ਵਿੱਚ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਟਕਰਾਅ ਨੇ ਦੇਸ਼ ਵਿੱਚ ਦਰਾਮਦ ਐਲਪੀਜੀ ਦੀ ਉਪਲਬਧਤਾ ਨੂੰ ਪ੍ਰਭਾਵਿਤ ਕੀਤਾ ਏ । ਸ੍ਰੀ ਗੋਪੀ ਨੇ ਕਿਹਾ ਕਿ ਭਾਰਤ ਆਪਣੀ ਐਲਪੀਜੀ ਖਪਤ ਦਾ ਲਗਭਗ 60 ਫੀਸਦੀ ਦਰਾਮਦ ਕਰਦਾ ਏ , ਜਿਸ ਵਿੱਚੋਂ ਲਗਭਗ 90 ਫੀਸਦੀ ਹੋਰਮੁਜ਼ ਪਨਜੋੜ  ਵਿੱਚੋਂ ਲੰਘਦਾ ਏ । ਉਨ੍ਹਾਂ ਕਿਹਾ ਕਿ ਸਰਕਾਰ ਨੇ ਐਲਪੀਜੀ ਸਪਲਾਈ ਵਿੱਚ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਕਈ ਉਪਾਅ ਕੀਤੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਰਾਜਾਂ ਨੂੰ ਵਪਾਰਕ ਐਲਪੀਜੀ ਦੀ ਵੰਡ ਵਿੱਚ 20 ਫੀਸਦੀ ਵਾਧੂ ਵਾਧਾ ਕੀਤਾ ਏ  ।

------------------------------------------------------------------------------------

ਭਾਰਤੀ ਜਨਤਾ ਪਾਰਟੀ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਪੰਜਾਬ

ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜਿਲਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੀ ਖੁਦਖੁਸੀ ਮਾਮਲੇ ਦੀ ਜਾਂਚ ਨੂੰ CBI ਨੂੰ ਸੌਂਪਣ ਬਾਰੇ ਦੁਹਰਾਇਆ ਏ। ਅੱਜ ਅੰਮ੍ਰਿਤਸਰ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਜਾਖੜ ਨੇ ਕਿਹਾ ਕਿ ਓਹਨਾ ਦੀ ਪਾਰਟੀ ਵੱਲੋਂ ਪੰਜਾਬ ਦੇ ਸਾਰੇ ਮੈਂਬਰ ਪਾਰਲੀਮੈਂਟ ਅਤੇ ਵਿਧਾਇਕਾਂ ਤੱਕ ਪਹੁੰਚ ਕੀਤੀ ਜਾਵੇਗੀ ਤਾਂ ਜੋ ਕੇਂਦਰ ਸਰਕਾਰ ਨੂੰ ਇਸ ਮਾਮਲੇ ਦੀ ਸੀਬੀਆਈ ਜਾਂਚ ਲਿਖਿਆ ਜਾਵੇ । ਉਨ੍ਹਾਂ ਪੁਲਿਸ ਦੀ ਹੁਣ ਤਕ ਦੀ ਕਾਰਗੁਜਾਰੀ ਤੇ ਸ਼ੱਕ ਜਤਾਉਂਦਿਆਂ ਕਿਹਾ ਕਿ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ, ਜਿਸ ਤੇ ਜਿਲਾ ਮੈਨੇਜਰ ਰੰਧਾਵਾ ਨੇ ਆਪਣੀ ਖ਼ੁਦਕੁਸ਼ੀ ਦਾ ਕਥਿਤ ਇਲਜ਼ਾਮ ਲਗਾਇਆ ਸੀ, ਓਹਨਾ ਦੇ 5 ਦਿਨ ਦੇ ਪੁਲਿਸ ਰਿਮਾਂਡ ਤੋਂ ਬਾਅਦ ਹਾਲੇ ਤੱਕ ਵੀ ਪੁਲਿਸ ਕੋਈ ਸਬੂਤ ਇੱਕਤਰ ਨਹੀਂ ਕਰ ਸਕੀ ਏ ਅਤੇ ਨਾ ਹੀ ਸਾਬਕਾ ਮੰਤਰੀ ਦੇ ਪਿਤਾ ਅਤੇ ਪੀਏ ਦੀ ਗ੍ਰਿਫਤਾਰੀ ਕੀਤੀ ਗਈ ਏ। ਸ੍ਰੀ ਜਾਖੜ ਨੀ ਕਿਹਾ ਕਿ ਇਹੀ ਕਾਰਨ ਏ ਕਿ ਪਰਿਵਾਰ ਅਤੇ ਭਾਰਤੀ ਜਨਤਾ ਪਾਰਟੀ ਸਮੇਤ ਪੂਰਾ ਪੰਜਾਬ ਇਸ ਮਾਮਲੇ ਦੀ ਜਾਂਚ ਸੀਬੀਆਈ ਤੋਂ ਕਰਵਾਉਣਾ ਚਾਹੁੰਦਾ ਏ ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਕੂਲ ਤੇ ਉਚੇਰੀ ਸਿੱਖਿਆ ਵਿੱਚ ਕੀਤੇ ਵਿਆਪਕ ਸੁਧਾਰਾਂ ਦੀ ਰੂਪ-ਰੇਖਾ ਪੇਸ਼ ਕਰਦਿਆਂ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਹੁਣ ਪ੍ਰਾਈਵੇਟ ਸਕੂਲਾਂ ਦੇ ਬਰਾਬਰ ਸਹੂਲਤਾਂ ਦਿੱਤੀਆਂ ਜਾ ਰਹੀਆਂ ਨੇ ਜਿਸ ਨਾਲ ਮਾਪਿਆਂ ਨੂੰ ਬਿਹਤਰ

ਬਦਲ ਮਿਲੇਗਾ। ਇਕ ਪ੍ਰੈਸ ਕਾਨਫਰੰਸ ਦੌਰਾਨ ਸਿੱਖਿਆ ਲਈ ਵਿੱਤੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਵਿੱਤੀ ਸਾਲ 2026-27 ਲਈ 19 ਹਜ਼ਾਰ 279 ਕਰੋੜ ਰੁਪਏ ਦਾ ਬਜਟ ਅਲਾਟ ਕੀਤਾ ਗਿਆ ਏ ਜੋ ਕਿ ਪਿਛਲੇ ਸਾਲ ਨਾਲੋਂ 7 ਫੀਸਦ ਵੱਧ ਏ । ਓਹਨਾ ਕਿਹਾ ਕਿ ਪੰਜਾਬ ਸਰਕਾਰ 3 ਹਜ਼ਾਰ 500 ਕਰੋੜ ਰੁਪਏ ਨਾਲ ਸਿੱਖਿਆ ਕ੍ਰਾਂਤੀ ਦੇ ਦੂਜੇ ਗੇੜ ਦੀ ਸ਼ੁਰੂਆਤ ਕਰ ਰਹੀ ਏ ਜਿਸ ਤਹਿਤ ਵਿਸ਼ਵ ਬੈਂਕ ਨਾਲ ਭਾਈਵਾਲੀ ਕੀਤੀ ਗਈ ਏ , ਜੋ ਇਸ ਨੂੰ ਸਭ ਤੋਂ ਵੱਡਾ ਸਿੱਖਿਆ ਸੁਧਾਰ ਪ੍ਰੋਗਰਾਮ ਬਣਾਉਂਦਾ ਏ । ਮੁੱਖ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਰਾਸ਼ਟਰੀ ਉਪਲਬਧੀ ਸਰਵੇਖਣ -2024 ਵਿੱਚ ਪੰਜਾਬ ਨੇ ਕੇਰਲ ਨੂੰ ਵੀ ਪਿਛੇ ਛਡਦਿਆਂ ਪਹਿਲਾ ਸਥਾਨ ਪ੍ਰਾਪਤ ਕੀਤਾ ਏ । ਊਨਾ ਕਿਹਾ ਕਿ ਇਹ ਪ੍ਰਾਪਤੀ ਸਰਕਾਰੀ ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਏ । ਸ੍ਰੀ ਮਾਨ ਨੇ ਦੱਸਿਆ ਕਿ ਇਕ ਅਪ੍ਰੈਲ ਤੋਂ ਮਾਪਿਆਂ ਨੂੰ ਉਨ੍ਹਾਂ ਦੇ ਬੱਚੇ ਦੀ ਸਕੂਲ ਤੋਂ ਗੈਰ-ਹਾਜ਼ਰੀ ਅਤੇ ਅਧਿਆਪਕਾਂ ਦੀ ਛੁੱਟੀ ਬਾਰੇ ਵੀ ਸੂਚਿਤ ਕੀਤਾ ਜਾਵੇਗਾ, ਜਿਸ ਨਾਲ ਹਰ ਪੱਧਰ 'ਤੇ ਜਵਾਬਦੇਹੀ ਯਕੀਨੀ ਬਣਾਈ ਜਾ ਸਕੇਗੀ। Byte------

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਹੋਰ ਮੌਜੂਦ ਸਨ। ਓਧਰ ਸਾਬਕਾ ਸਿੱਖਿਆ ਮੰਤਰੀ ਅਤੇ ਵਿਧਾਇਕ ਪਰਗਟ ਸਿੰਘ ਨੇ ਮੁੱਖ ਮੰਤਰੀ 'ਤੇ ਰਾਸ਼ਟਰੀ ਪ੍ਰਾਪਤੀ ਸਰਵੇਖਣ ਅਤੇ ਸਿੱਖਿਆ ਕ੍ਰਾਂਤੀ ਦੇ ਨਾਮ 'ਤੇ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਇਲਜ਼ਾਮ

ਲਗਾਇਆ। ਉਨ੍ਹਾਂ ਕਿਹਾ ਕਿ ਪੰਜਾਬ 2021 ਦੇ ਇਸ ਸਰਵੇਖਣ ਵਿੱਚ ਪਹਿਲਾਂ ਹੀ ਪਹਿਲੇ ਸਥਾਨ 'ਤੇ ਸੀ, ਜਿਸਨੂੰ ਮੁੱਖ ਮੰਤਰੀ ਮਾਨ ਨੇ ਉਸ ਵੇਲੇ ਜਾਅਲੀ ਦੱਸ ਕੇ ਖਾਰਜ ਕਰ ਦਿੱਤਾ ਸੀ। ਹੁਣ ਸ਼੍ਰੀ ਮਾਨ 2024 ਦੇ ਸਰਵੇਖਣ ਨੂੰ ਅਖੌਤੀ ਸਿੱਖਿਆ ਕ੍ਰਾਂਤੀ ਦੇ ਬੈਨਰ ਹੇਠ ਇੱਕ ਨਵੇਂ ਰੂਪ ਵਿੱਚ ਪੇਸ਼ ਕਰ ਰਹੇ ਹਨ ਅਤੇ ਇਸਨੂੰ ਆਪਣੀ ਪ੍ਰਾਪਤੀ ਵਜੋਂ ਦਿਖਾ ਰਹੇ ਨੇ।

--------------------------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਸੂਬੇ ਦੇ ਪ੍ਰਾਹੁਣਚਾਰੀ ਖੇਤਰ ਵਿੱਚ 200 ਕਰੋੜ ਰੁਪਏ ਦੇ ਟੈਕਸ ਚੋਰੀ ਰੈਕੇਟ ਦਾ ਖੁਲਾਸਾ ਕੀਤਾ ਜਿਸ ਵਿੱਚ ਢਾਬੇ, ਖਾਣ-ਪੀਣ ਵਾਲੀਆਂ ਦੁਕਾਨਾਂ, ਬੇਕਰੀਆਂ, ਰੈਸਟੋਰੈਂਟ ਅਤੇ ਫਾਸਟ-ਫੂਡ ਆਉਟਲੈਟਾਂ ਸ਼ਾਮਲ ਨੇ। ਇੱਕ ਪ੍ਰੈਸ ਕਾਨਫਰੰਸ ਵਿੱਚ, ਸ੍ਰੀ ਚੀਮਾ ਨੇ ਕਿਹਾ ਕਿ 882 ਅਦਾਰੇ ਪਹਿਲਾਂ ਹੀ ਜਾਂਚ ਦੇ ਘੇਰੇ ਵਿੱਚ ਨੇ ਅਤੇ ਵਿੱਤੀ ਸਾਲ 2025-26 ਨਾਲ ਸਬੰਧਤ ਹੁਣ ਤੱਕ 2 ਕਰੋੜ 2 ਲਖ ਰੁਪਏ ਬਰਾਮਦ ਕੀਤੇ ਗਏ ਨੇ।

BYTE:RNU300326

ਉਨ੍ਹਾਂ ਕਿਹਾ ਕਿ ਜਾਂਚ ਤੇਜ਼ੀ ਨਾਲ ਕੀਤੀ ਜਾ ਰਹੀ ਏ ਅਤੇ ਹੋਰ ਡੇਟਾ ਦਾ ਵਿਸ਼ਲੇਸ਼ਣ ਕਰਨ ਨਾਲ ਟੈਕਸ ਚੋਰੀ ਲਗਭਗ 500 ਕਰੋੜ ਰੁਪਏ ਤੱਕ ਵੱਧ ਸਕਦੀ ਏ। ਮੋਹਾਲੀ, ਜਲੰਧਰ ਅਤੇ ਲੁਧਿਆਣਾ ਵਰਗੇ ਵੱਡੇ ਸ਼ਹਿਰ ਟੈਕਸ ਚੋਰੀ ਦੇ ਮੁੱਖ ਕੇਂਦਰ ਵਜੋਂ ਉਭਰ ਰਹੇ ਨੇ ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਉੱਚ ਨਕਦੀ ਅਤੇ ਆਨਲਾਈਨ ਅਦਾਇਗੀ ਸੰਚਾਲਿਤ ਖੇਤਰ ਧੋਖਾਧੜੀ ਦੇ ਕੇਂਦਰ ਵਿੱਚ ਨੇ। BYTE:RNU300326

ਉਨ੍ਹਾਂ ਕਿਹਾ ਕਿ ਵਿੱਤੀ ਸਾਲਾਂ 2023-24 ਅਤੇ 2024-25 ਨਾਲ ਸਬੰਧਤ ਹੋਰ ਵਿਸ਼ਲੇਸ਼ਣ ਅਤੇ ਡੇਟਾ ਨੂੰ ਸ਼ਾਮਲ ਕਰਨ ਨਾਲ, ਟੈਕਸ ਚੋਰੀ ਦੀ ਕੁੱਲ ਗਿਣਤੀ ਲਗਭਗ 500 ਕਰੋੜ ਰੁਪਏ ਤੱਕ ਪਹੁੰਚਣ ਦੀ ਸੰਭਾਵਨਾ ਏ।

----------------------------------------------------------------------------------

ਅੰਮ੍ਰਿਤਸਰ ਦਾ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡਾ, ਹਵਾਈ ਪੱਟੀ 'ਤੇ ਮੁਰੰਮਤ ਕਾਰਜ ਕਰਕੇ ਪਹਿਲੀ ਅਪ੍ਰੈਲ ਤੋਂ 27 ਸਤੰਬਰ ਤੱਕ ਰੋਜ਼ਾਨਾ ਅੱਠ ਘੰਟੇ ਲਈ ਪੂਰੀ ਤਰ੍ਹਾਂ ਬੰਦ ਰਹੇਗਾ। ਹਵਾਈ ਅੱਡੇ ਦੇ ਨਿਦੇਸ਼ਕ ਭੁਪੇਂਦਰਾ ਸਿੰਘ ਨੇ ਦਸਿਆ ਕਿ ਇਸ ਲਈ ਇਸ ਸਮੇਂ ਦੌਰਾਨ ਆਉਣ ਵਾਲੀਆਂ ਅਤੇ ਜਾਣ ਵਾਲੀਆਂ ਉਡਾਣਾਂ ਦਾ ਸਮਾਂ-ਸਾਰਣੀ ਬਦਲ ਦਿੱਤੀ ਗਈ ਏ। ਹਵਾਈ ਅੱਡੇ 'ਤੇ ਚੱਲ ਰਹੇ ਵਿਕਾਸ ਕਾਰਜ 'ਤੇ 50 ਕਰੋੜ ਦੀ ਲਾਗਤ ਆਉਣ ਦਾ ਅਨੁਮਾਨ ਏ। ਇਸ ਤੋਂ ਇਲਾਵਾ DVOR ਸਿਸਟਮ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਏ। ਸਾਰੇ ਉਪਕਰਣਾਂ ਲਗਾਉਣ ਤੋਂ ਬਾਅਦ ਇਹ ਸਤੰਬਰ ਤੱਕ ਤਿਆਰ ਹੋ ਜਾਵੇਗਾ।

----------------------------------------------------------------------------------

ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ, ਪੰਜਾਬ ਦੇ ਉਪ-ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ ਤਹਿਤ ਔਰਤਾਂ ਨੂੰ ਬਾਜ਼ਾਰ ਅਤੇ ਉਨ੍ਹਾਂ ਦੇ ਉਤਪਾਦਾਂ ਲਈ ਠੀਕ ਮੁੱਲ ਨਾ ਮਿਲਣ ’ਤੇ ਗੰਭੀਰ ਚਿੰਤਾ ਜਤਾਈ ਏ। ਨਾਭਾ ਵਿਧਾਨ ਸਭਾ ਖੇਤਰ ਦੇ ਪਿੰਡਾਂ ਵਿੱਚ ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਨੇ ਵੇਖਿਆ ਕਿ ਮਹਿਲਾਵਾਂ ਨੂੰ ਸਿਖਲਾਈ ਤਾਂ

ਮਿਲ ਰਹੀ ਏ ਪਰ ਉਨ੍ਹਾਂ ਨੂੰ ਆਪਣੇ ਉਤਪਾਦਾਂ ਲਈ ਨਾ ਤਾਂ ਢੰਗ ਦਾ ਬਾਜ਼ਾਰ ਅਤੇ ਨਾ ਹੀ ਠੀਕ ਮੁੱਲ ਮਿਲ ਰਿਹਾ ਏ। ਉਨ੍ਹਾਂ ਭਰੋਸਾ ਦਿਵਾਇਆ ਕਿ ਸਵੈ-ਸਹਾਇਤਾ ਸਮੂਹਾਂ ਨੂੰ ਬੈਂਕਾਂ ਨਾਲ ਜੋੜਿਆ ਜਾਵੇਗਾ, ਕੇਂਦਰੀ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਵਾਇਆ ਜਾਵੇਗਾ ਅਤੇ ਮਹਿਲਾਵਾਂ ਨੂੰ ਸਿੱਧੇ ਬਾਜ਼ਾਰ ਅਤੇ ਰੋਜ਼ਗਾਰ ਨਾਲ ਜੋੜਿਆ ਜਾਵੇਗਾ।

--------------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਮਹਾਵੀਰ ਜਯੰਤੀ ਤੋਂ ਇਕ ਸ਼ਾਮ ਪਹਿਲਾਂ 'ਤੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਭਗਵਾਨ ਮਹਾਂਵੀਰ ਦੇ ਸਿਧਾਂਤ ਸਾਰਿਆਂ ਨੂੰ ਜੀਵਨ ਵਿੱਚ ਸਹੀ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੇ ਹਨ। ਰਾਸ਼ਟਰਪਤੀ ਨੇ ਕਿਹਾ ਕਿ ਇਨ੍ਹਾਂ ਸਿਧਾਂਤਾਂ ਨੂੰ ਅਪਣਾ ਕੇ, ਲੋਕ ਆਪਣੇ ਜੀਵਨ ਨੂੰ ਸਾਰਥਕ ਬਣਾ ਸਕਦੇ ਬੇ ਅਤੇ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆ ਸਕਦੇ ਹਨ।

--------------------------------------------------------------------------------

ਜਲੰਧਰ ਪ੍ਰਸ਼ਾਸਨ ਨੇ ਕੱਲ 31 ਮਾਰਚ ਨੂੰ ਭਗਵਾਨ ਮਹਾਂਵੀਰ ਜਯੰਤੀ ਮੌਕੇ ਜ਼ਿਲ੍ਹਾ ਜਲੰਧਰ ਵਿਖੇ ਮੀਟ ਅਤੇ ਆਂਡਿਆਂ ਦੀਆਂ ਦੁਕਾਨਾਂ ਬੰਦ ਰੱਖਣ ਅਤੇ ਇਨ੍ਹਾਂ ਦੀ ਹੋਟਲਾਂ, ਢਾਬਿਆਂ, ਰੈਸਟੋਰੈਂਟਾਂ, ਰੇਹੜੀਆਂ ’ਤੇ ਵਿਕਰੀ ‘ਤੇ ਪਾਬੰਦੀ ਲਗਾਈ ਏ । ਇਹ ਹੁਕਮ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਿੰਦਰ ਕੌਰ ਨੇ ਕੱਲ ਭਗਵਾਨ ਮਹਾਂਵੀਰ ਜਯੰਤੀ ਨੂੰ ਧਿਆਨ ਵਿਚ ਰੱਖਿਆ ਜਾਰੀ ਕੀਤੇ ਨੇ ।

---

ਭਾਰਤ ਦੀ ਸ਼ੀਤਲ ਦੇਵੀ ਨੂੰ ਵਿਸ਼ਵ ਤੀਰਅੰਦਾਜ਼ੀ ਨੇ 2025 ਦਾ ਬੇਹਤਰੀਨ ਪੈਰਾ ਤੀਰਅੰਦਾਜ਼ ਚੁਣਿਆ ਏ । ਜੰਮੂ ਕਸ਼ਮੀਰ ਦੀ 19 ਸਾਲਾ ਸ਼ੀਤਲ ਦੇਵੀ ਪਿਛਲੇ ਸਾਲ ਦੱਖਣੀ ਕੋਰੀਆ ਦੇ ਗੁਆਂਗਜ਼ੂ ਵਿੱਚ ਹੋਈ ਵਿਸ਼ਵ ਪੈਰਾ ਤੀਰਅੰਦਾਜ਼ੀ ਚੈਂਪੀਅਨਸ਼ਿਪ ਵਿੱਚ ਮਹਿਲਾ ਕੰਪਾਊਂਡ ਵਿਅਕਤੀਗਤ ਈਵੈਂਟ ਵਿੱਚ ਸੋਨੇ ਦਾ ਤਮਗਾ ਜਿੱਤਣ ਵਾਲੀ ਪਹਿਲੀ ਅਤੇ ਇਕਲੌਤੀ ਇਕ ਹੱਥ ਵਾਲੀ ਤੀਰਅੰਦਾਜ਼ ਬਣ ਗਈ ਏ । ਉਨ੍ਹਾਂ ਵਿਸ਼ਵ ਚੈਂਪੀਅਨਸ਼ਿਪ ਵਿੱਚ ਮਹਿਲਾ ਟੀਮ ਈਵੈਂਟ ਵਿੱਚ ਚਾਂਦੀ ਦਾ ਤਮਗਾ ਅਤੇ ਮਿਕਸਡ ਟੀਮ ਈਵੈਂਟ ਵਿੱਚ ਕਾਂਸੀ ਦਾ ਤਮਗਾ ਵੀ ਜਿੱਤਿਆ। ਸ਼ੀਤਲ ਨੇ ਪੈਰਿਸ ਪੈਰਾਲੰਪਿਕਸ ਵਿੱਚ ਮਿਕਸਡ ਟੀਮ ਈਵੈਂਟ ਵਿੱਚ ਕਾਂਸੀ ਦਾ ਤਮਗਾ ਅਤੇ ਏਸ਼ੀਅਨ ਪੈਰਾ ਖੇਡਾਂ 2022 ਅਤੇ ਏਸ਼ੀਅਨ ਚੈਂਪੀਅਨਸ਼ਿਪ 2023 ਵਿੱਚ ਚਾਂਦੀ ਦੇ ਤਮਗੇ ਜਿੱਤੇ ਨੇ । 2011 ਵਿੱਚ ਸਥਾਪਿਤ ਕੀਤੇ ਗਏ ਵਿਸ਼ਵ ਤੀਰਅੰਦਾਜ਼ੀ ਪੁਰਸਕਾਰ, ਅੰਤਰਰਾਸ਼ਟਰੀ ਪੱਧਰ 'ਤੇ ਖੇਡ ਵਿੱਚ ਉੱਤਮਤਾ ਅਤੇ ਯੋਗਦਾਨ ਨੂੰ ਮਾਨਤਾ ਦਿੰਦੇ ਨੇ ।

---

- ਤੇਲ ਵੰਡ ਕੰਪਨੀਆਂ ਨੇ ਰਾਜਾਂ ਨੂੰ ਵਪਾਰਕ LPG ਦੀ ਬਰਾਬਰ ਵੰਡ ਨੂੰ ਯਕੀਨੀ ਬਣਾਉਣ ਲਈ ਕਾਰਜਕਾਰੀ ਨਿਰਦੇਸ਼ਕ ਪੱਧਰ 'ਤੇ ਤਿੰਨ ਮੈਂਬਰੀ ਕਮੇਟੀ ਬਣਾਈ ਏ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਕੂਲ ਤੇ ਉਚੇਰੀ ਸਿੱਖਿਆ ਵਿੱਚ ਕੀਤੇ ਵਿਆਪਕ ਸੁਧਾਰਾਂ ਦੀ ਰੂਪ-ਰੇਖਾ ਪੇਸ਼

ਕੀਤੀ- ਕਿਹਾ ਇਕ ਅਪ੍ਰੈਲ ਤੋਂ ਮਾਪਿਆਂ ਨੂੰ ਉਨ੍ਹਾਂ ਦੇ ਬੱਚੇ ਦੀ ਸਕੂਲ ਤੋਂ ਗੈਰ-ਹਾਜ਼ਰੀ ਅਤੇ ਅਧਿਆਪਕਾਂ ਦੀ ਛੁੱਟੀ ਬਾਰੇ ਕੀਤਾ ਜਾਵੇਗਾ ਸੂਚਿਤ I

- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ ਸੂਬੇ ਦੇ ਪ੍ਰਾਹੁਣਚਾਰੀ ਖੇਤਰ ਵਿੱਚ 200 ਕਰੋੜ ਰੁਪਏ ਦੇ ਟੈਕਸ ਚੋਰੀ ਰੈਕੇਟ ਦਾ ਖੁਲਾਸਾ ।
- ਅੰਮ੍ਰਿਤਸਰ ਦਾ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡਾ, ਹਵਾਈ ਪੱਟੀ 'ਤੇ ਮੁਰੰਮਤ ਕਾਰਜ ਕਰਕੇ
- ਪਹਿਲੀ ਅਪ੍ਰੈਲ ਤੋਂ 27 ਸਤੰਬਰ ਤੱਕ ਰੋਜ਼ਾਨਾ ਅੱਠ ਘੰਟੇ ਲਈ ਪੂਰੀ ਤਰ੍ਹਾਂ ਬੰਦ ਰਹੇਗਾ।
- -ਭਾਰਤ ਦੀ ਸ਼ੀਤਲ ਦੇਵੀ ਨੂੰ ਵਿਸ਼ਵ ਤੀਰਅੰਦਾਜ਼ੀ ਨੇ 2025 ਦਾ ਬੇਹਤਰੀਨ ਪੈਰਾ ਤੀਰਅੰਦਾਜ਼ ਚੁਣਿਆ।

***ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ'ਤੇ ਨਮਸਕਾਰ !***